# ਪੰਜਾਬ ਵਿਧਾਨ ਸਭਾ

-----------

## 16ਵੀਂ ਪੰਜਾਬ ਵਿਧਾਨ ਸਭਾ

## ਤੇਰ੍ਹਵਾਂ ਸਮਾਗਮ

-----------

## ਕਾਰਜ ਸੂਚੀ

23 ਅਕਤੂਬਰ 2026

10:00 ਵਜੇ ਸਵੇਰੇ

-----------

1. <u>ਪ੍ਰਸ਼ਨ</u>

(1) ਵੱਖ ਸੂਚੀ ਵਿੱਚ ਦਰਜ ਪ੍ਰਸ਼ਨ ਪੁੱਛੇ ਜਾਣਗੇ ਅਤੇ ਜਵਾਬ ਦਿੱਤੇ ਜਾਣਗੇ।

2. <u>ਧਿਆਨ ਦਿਵਾਊ ਨੋਟਿਸ</u>

(1) **ਸ਼੍ਰੀ ਰਜਨੀਸ਼ ਕੁਮਾਰ ਦਹੀਆ, ਐਮ.ਐਲ.ਏ.:-** ਲੋਕ ਨਿਰਮਾਣ (ਭ ਤ ਮ) ਮੰਤਰੀ ਦਾ ਧਿਆਨ ਫ਼ਿਰੋਜ਼ਪੁਰ ਦਿਹਾਤੀ ਵਿਧਾਨ ਸਭਾ ਹਲਕੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਹਜ਼ਾਰਾ ਸਿੰਘ ਵਾਲਾ ਨੂੰ ਜਾਂਦੀ ਸੜਕ ਦੀ ਖਸਤਾ ਹਾਲਤ ਵੱਲ ਦਿਵਾਉਣਗੇ।

(ਨੰ. 33)

(2) **ਸ਼੍ਰੀ ਜਗਦੀਪ ਕੰਬੋਜ ਗੋਲਡੀ, ਐੱਮ.ਐੱਲ.ਏ -** ਟਰਾਂਸਪੋਰਟ ਮੰਤਰੀ ਦਾ ਧਿਆਨ ਫ਼ਿਰੋਜ਼ਪੁਰ-ਜਲਾਲਾਬਾਦ-ਫਾਜ਼ਿਲਕਾ ਰੂਟ 'ਤੇ ਸਰਕਾਰੀ ਟਰਾਂਸਪੋਰਟ ਦੀ ਘਾਟ ਵੱਲ ਦਿਵਾਉਣਗੇ।

(ਨੰ. 38)

(3) **ਸਰਦਾਰ ਕੁਲਜੀਤ ਸਿੰਘ ਰੰਧਾਵਾ, ਐੱਮ.ਐੱਲ.ਏ, :-** ਜਲ ਸਰੋਤ ਮੰਤਰੀ ਦਾ ਧਿਆਨ ਵਿਧਾਨ ਸਭਾ ਹਲਕਾ ਡੇਰਾਬਸੀ ਵਿੱਚ ਨਹਿਰੀ ਪਾਣੀ ਦੀ ਸਪਲਾਈ ਨਾ ਹੋਣ ਵੱਲ ਦਿਵਾਉਣਗੇ।

(ਨੰ. 40)

3. <u>ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ</u>

(1) **ਇੱਕ ਮੰਤਰੀ** ਸਾਲ 2021-22 ਲਈ ਪੰਜਾਬ ਰਾਜ ਵੇਅਰਹਾਊਸਿੰਗ ਕਾਰਪੋਰੇਸ਼ਨ ਦੀ 55ਵੀਂ ਸਾਲਾਨਾ ਰਿਪੋਰਟ ਸਦਨ ਦੀ ਮੇਜ਼ 'ਤੇ ਰੱਖਣਗੇ, ਜਿਵੇਂ ਕਿ ਵੇਅਰਹਾਊਸਿੰਗ ਕਾਰਪੋਰੇਸ਼ਨਜ਼ ਐਕਟ, 1962 ਦੀ ਧਾਰਾ 31(11) ਅਧੀਨ ਲੋੜੀਂਦਾ ਹੈ।

(2) **ਇੱਕ ਮੰਤਰੀ** ਸਾਲ 2017-18 ਲਈ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੇ ਸਾਲਾਨਾ ਲੇਖੇ ਸਦਨ ਦੀ ਮੇਜ਼ 'ਤੇ ਰੱਖਣਗੇ, ਜਿਵੇਂ ਕਿ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਐਕਟ, 1950 ਦੀ ਧਾਰਾ 33(4) ਅਧੀਨ ਲੋੜੀਂਦਾ ਹੈ।

(3) **ਇੱਕ ਮੰਤਰੀ** ਸਾਲ 2018-19 ਲਈ ਪੰਜਾਬ ਰਾਜ ਅਨਾਜ ਖਰੀਦ ਕਾਰਪੋਰੇਸ਼ਨ ਲਿਮਟਿਡ ਦੀ 16ਵੀਂ ਸਾਲਾਨਾ ਰਿਪੋਰਟ ਅਤੇ ਲੇਖੇ ਸਦਨ ਦੀ ਮੇਜ਼ 'ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619(3)(ੳ) ਅਧੀਨ ਲੋੜੀਂਦਾ ਹੈ।

(4) **ਇੱਕ ਮੰਤਰੀ** ਸਾਲ 2020-21 ਲਈ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ ਦੇ ਲੇਖਿਆਂ ਦਾ ਸਾਲਾਨਾ ਵਿਵਰਣ ਸਦਨ ਦੀ ਮੇਜ਼ 'ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ (ਪੀ.ਆਰ.ਟੀ.ਪੀ.ਡੀ) ਐਕਟ, 1995 ਦੀ ਧਾਰਾ 53 (5) ਅਧੀਨ ਲੋੜੀਂਦਾ ਹੈ।

(5) **ਇੱਕ ਮੰਤਰੀ** ਸਾਲ 2021-22 ਲਈ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ ਦੇ ਲੇਖਿਆਂ ਦਾ ਸਾਲਾਨਾ ਵਿਵਰਣ ਸਦਨ ਦੀ ਮੇਜ਼ 'ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ (ਪੀ.ਆਰ.ਟੀ.ਪੀ.ਡੀ) ਐਕਟ, 1995 ਦੀ ਧਾਰਾ 53 (5) ਅਧੀਨ ਲੋੜੀਂਦਾ ਹੈ।

(6) **ਇੱਕ ਮੰਤਰੀ** ਸਾਲ 2022-23 ਲਈ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ ਦੇ ਲੇਖਿਆਂ ਦਾ ਸਾਲਾਨਾ ਵਿਵਰਣ ਸਦਨ ਦੀ ਮੇਜ਼ 'ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ (ਪੀ.ਆਰ.ਟੀ.ਪੀ.ਡੀ) ਐਕਟ, 1995 ਦੀ ਧਾਰਾ 53 (5) ਅਧੀਨ ਲੋੜੀਂਦਾ ਹੈ।

(7) **ਇੱਕ ਮੰਤਰੀ** ਸਾਲ 2022-23 ਲਈ ਪੰਜਾਬ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਅਥਾਰਟੀ ਦੇ ਲੇਖਿਆਂ ਦਾ ਸਾਲਾਨਾ ਵਿਵਰਣ ਸਦਨ ਦੀ ਮੇਜ਼ 'ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਟਾਊਨ ਪਲਾਨਿੰਗ ਅਤੇ ਵਿਕਾਸ (ਪੀ.ਆਰ.ਟੀ.ਪੀ.ਡੀ) ਐਕਟ, 1995 ਦੀ ਧਾਰਾ 53 (5) ਅਧੀਨ ਲੋੜੀਂਦਾ ਹੈ।

(8) **ਇੱਕ ਮੰਤਰੀ** ਸਾਲ 2022-23 ਲਈ ਅੰਮ੍ਰਿਤਸਰ ਹੋਟਲ ਲਿਮਟਿਡ ਦੀ 20ਵੀਂ ਸਾਲਾਨਾ ਰਿਪੋਰਟ ਅਤੇ ਲੇਖੇ ਸਦਨ ਦੀ ਮੇਜ਼ 'ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 2013 ਦੀ ਧਾਰਾ 394 ਅਧੀਨ ਲੋੜੀਂਦਾ ਹੈ।

(9) **ਇੱਕ ਮੰਤਰੀ** ਸਾਲ 2022-23 ਲਈ ਨੀਮ ਚਮੇਲੀ ਟੂਰਿਸਟ ਕੰਪਲੈਕਸ ਲਿਮਟਿਡ ਦੀ 20ਵੀਂ ਸਾਲਾਨਾ ਰਿਪੋਰਟ ਅਤੇ ਲੇਖੇ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 2013 ਦੀ ਧਾਰਾ 394 ਅਧੀਨ ਲੋੜੀਂਦਾ ਹੈ।

(10) **ਇੱਕ ਮੰਤਰੀ** ਸਾਲ 2019-20 ਲਈ ਪੰਜਾਬ ਸੈਰ ਸਪਾਟਾ ਵਿਕਾਸ ਕਾਰਪੋਰੇਸ਼ਨ ਲਿਮਟਿਡ ਦੀ 41ਵੀਂ ਸਾਲਾਨਾ ਰਿਪੋਰਟ ਅਤੇ ਲੇਖੇ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 2013 ਦੀ ਧਾਰਾ 394 ਅਧੀਨ ਲੋੜੀਂਦਾ ਹੈ।

(11) **ਇੱਕ ਮੰਤਰੀ** ਸਾਲ 2024-25 ਲਈ ਪੰਜਾਬ ਸਿਹਤ ਸਿਸਟਮਜ਼ ਕਾਰਪੋਰੇਸ਼ਨ ਦੀ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਸਿਹਤ ਸਿਸਟਮਜ਼ ਕਾਰਪੋਰੇਸ਼ਨ ਐਕਟ, 1996 ਦੀ ਧਾਰਾ 21(4) ਅਧੀਨ ਲੋੜੀਂਦਾ ਹੈ।

## 4. <u>ਸਰਕਾਰੀ ਮਤਾ</u>

(1) **ਇੱਕ ਮੰਤਰੀ** ਪ੍ਰਸਤਾਵ ਕਰਨਗੇ ਕਿ-

"ਜਦੋਂ ਕਿ, ਭਾਰਤ ਦਾ ਲੋਕਤੰਤਰ ਸੰਵਿਧਾਨ ਵਿੱਚ ਦਰਜ ਸਮਾਨਤਾ, ਨਿਆਂ ਅਤੇ ਲੋਕਾਂ ਦੀ ਸਰਬਉੱਚਤਾ ਦੇ ਸਿਧਾਂਤਾਂ 'ਤੇ ਆਧਾਰਿਤ ਹੈ ਅਤੇ ਵੋਟ ਦਾ ਅਧਿਕਾਰ ਲੋਕਤੰਤਰੀ ਪ੍ਰਣਾਲੀ ਦੀ ਬੁਨਿਆਦ ਹੈ;

ਅਤੇ ਜਦੋਂ ਕਿ, ਭਾਰਤੀ ਸੰਵਿਧਾਨ ਦੀਆਂ ਧਾਰਾਵਾਂ 324, 325 ਅਤੇ 326 ਚੋਣ ਪ੍ਰਕਿਰਿਆ ਦੀ ਨਿਗਰਾਨੀ, ਵੋਟਰ ਸੂਚੀਆਂ ਵਿੱਚ ਭੇਦਭਾਵ ਤੋਂ ਸੁਰੱਖਿਆ ਅਤੇ ਬਾਲਗ ਮਤਾਧਿਕਾਰ ਦੇ ਸਿਧਾਂਤਾਂ ਨੂੰ ਯਕੀਨੀ ਬਣਾਉਂਦੀਆਂ ਹਨ;

ਅਤੇ ਜਦੋਂ ਕਿ, ਦੇਸ਼ ਭਰ ਵਿੱਚ ਵੱਡੀ ਗਿਣਤੀ ਵਿੱਚ ਨਾਗਰਿਕਾਂ ਦੇ ਨਾਂ ਵੋਟਰ ਸੂਚੀਆਂ ਵਿੱਚੋਂ ਹਟਾਏ ਜਾਣ ਅਤੇ ਯੋਗ ਵੋਟਰਾਂ ਦੇ ਵੋਟ ਦੇ ਅਧਿਕਾਰ ਤੋਂ ਵਾਂਝੇ ਹੋਣ ਸਬੰਧੀ ਗੰਭੀਰ ਇਤਰਾਜ਼ ਅਤੇ ਸ਼ਿਕਾਇਤਾਂ ਸਾਹਮਣੇ ਆਈਆਂ ਹਨ, ਜਿਸ ਨਾਲ ਚੋਣ ਪ੍ਰਕਿਰਿਆ ਦੀ ਪਾਰਦਰਸ਼ਤਾ, ਨਿਰਪੱਖਤਾ ਅਤੇ ਚੋਣ ਕਮਿਸ਼ਨ ਦੀ ਜਵਾਬਦੇਹੀ ਬਾਰੇ ਸਵਾਲ ਉੱਠੇ ਹਨ;

ਅਤੇ ਜਦੋਂ ਕਿ, ਮੁੱਖ ਚੋਣ ਕਮਿਸ਼ਨਰ ਸ੍ਰੀ ਗਿਆਨੇਸ਼ ਕੁਮਾਰ ਦੀ ਅਗਵਾਈ ਹੇਠ ਚੋਣ ਕਮਿਸ਼ਨ ਦੇ ਕੰਮਕਾਜ ਅਤੇ ਵੋਟਰ ਸੂਚੀਆਂ ਨਾਲ ਸਬੰਧਤ ਫ਼ੈਸਲਿਆਂ ਬਾਰੇ ਉੱਠੇ ਇਤਰਾਜ਼ਾਂ ਦੀ ਨਿਰਪੱਖ ਜਾਂਚ ਅਤੇ ਜਵਾਬਦੇਹੀ ਤੈਅ ਕਰਨਾ ਲੋਕਤੰਤਰ ਦੇ ਹਿੱਤ ਵਿੱਚ ਜ਼ਰੂਰੀ ਹੈ ।

ਇਸ ਲਈ, ਪੰਜਾਬ ਵਿਧਾਨ ਸਭਾ ਇਹ ਮਤਾ ਪਾਸ ਕਰਦੀ ਹੈ ਕਿ:

1. ਇਹ ਸਦਨ ਨਾਗਰਿਕਾਂ ਨੂੰ ਉਨ੍ਹਾਂ ਦੇ ਵੋਟ ਦੇ ਅਧਿਕਾਰ ਤੋਂ ਕਥਿਤ ਤੌਰ 'ਤੇ ਵਾਂਝਾ ਕੀਤੇ ਜਾਣ ਦੀਆਂ ਘਟਨਾਵਾਂ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਾ ਹੈ ਅਤੇ ਮੰਗ ਕਰਦਾ ਹੈ ਕਿ ਸਾਰੇ ਯੋਗ ਨਾਗਰਿਕਾਂ ਦੇ ਵੋਟ ਦੇ ਅਧਿਕਾਰ ਦੀ ਸੰਵਿਧਾਨਕ ਸੁਰੱਖਿਆ ਯਕੀਨੀ ਬਣਾਈ ਜਾਵੇ।

2. ਇਹ ਸਦਨ ਮੁੱਖ ਚੋਣ ਕਮਿਸ਼ਨਰ ਸ੍ਰੀ ਗਿਆਨੇਸ਼ ਕੁਮਾਰ ਦੀ ਅਗਵਾਈ ਹੇਠ ਚੋਣ ਪ੍ਰਕਿਰਿਆ ਅਤੇ ਵੋਟਰ ਸੂਚੀਆਂ ਨਾਲ ਸਬੰਧਤ ਕਥਿਤ ਬੇਨਿਯਮੀਆਂ ਦੀ ਜਾਂਚ ਲਈ ਇੱਕ ਸੁਤੰਤਰ, ਨਿਰਪੱਖ ਅਤੇ ਭਰੋਸੇਯੋਗ ਜਾਂਚ ਤੰਤਰ ਸਥਾਪਤ ਕਰਨ ਦੀ ਮੰਗ ਕਰਦਾ ਹੈ, ਤਾਂ ਜੋ ਸੱਚਾਈ ਸਾਹਮਣੇ ਆ ਸਕੇ ਅਤੇ ਜਵਾਬਦੇਹੀ ਤੈਅ ਹੋ ਸਕੇ।

3. ਇਹ ਸਦਨ ਮੰਗ ਕਰਦਾ ਹੈ ਕਿ ਜੇਕਰ ਜਾਂਚ ਦੌਰਾਨ ਕਿਸੇ ਵੀ ਵਿਅਕਤੀ ਵਿਰੁੱਧ ਅਪਰਾਧਿਕ ਉਲੰਘਣਾ ਦੇ ਪੁਖ਼ਤਾ ਸਬੂਤ ਸਾਹਮਣੇ ਆਉਂਦੇ ਹਨ, ਤਾਂ ਉਸ ਵਿਰੁੱਧ ਲਾਗੂ ਕਾਨੂੰਨ ਅਨੁਸਾਰ ਅਪਰਾਧਿਕ ਕਾਰਵਾਈ ਸ਼ੁਰੂ ਕੀਤੀ ਜਾਵੇ।

4. ਇਹ ਸਦਨ ਕੇਂਦਰ ਸਰਕਾਰ ਅਤੇ ਸਬੰਧਤ ਸੰਵਿਧਾਨਕ ਅਥਾਰਟੀਆਂ ਨੂੰ ਅਪੀਲ ਕਰਦਾ ਹੈ ਕਿ ਚੋਣ ਕਮਿਸ਼ਨ ਦੀ ਆਜ਼ਾਦੀ, ਨਿਰਪੱਖਤਾ ਅਤੇ ਜਵਾਬਦੇਹੀ ਯਕੀਨੀ ਬਣਾਈ ਜਾਵੇ ਅਤੇ ਇਸ ਮਤੇ ਦੀ ਕਾਪੀ ਭਾਰਤ ਦੇ ਰਾਸ਼ਟਰਪਤੀ, ਪ੍ਰਧਾਨ ਮੰਤਰੀ ਅਤੇ ਮੁੱਖ ਚੋਣ ਕਮਿਸ਼ਨਰ ਨੂੰ ਅਗਲੀ ਢੁੱਕਵੀਂ ਕਾਰਵਾਈ ਲਈ ਭੇਜੀ ਜਾਵੇ।

5. ਬਾਬਾ ਸਾਹਿਬ ਅੰਬੇਦਕਰ ਨੇ ਸੰਵਿਧਾਨ ਰਾਹੀਂ ਭਾਰਤ ਦੇ ਹਰ ਨਾਗਰਿਕ ਨੂੰ ਵੋਟ ਕਰਨ ਦਾ ਬਰਾਬਰਤਾ ਦਾ ਅਧਿਕਾਰ ਦਿੱਤਾ ਸੀ ਪਰ ਗਿਆਨੇਸ਼ ਕੁਮਾਰ ਨੇ ਸੰਵਿਧਾਨ ਦੀਆਂ ਧੱਜੀਆਂ ਉਡਾਉਂਦੇ ਹੋਏ ਭਾਰਤ ਦੇ ਨਾਗਰਿਕਾਂ ਤੋਂ ਇਹ ਅਧਿਕਾਰ ਖੋਹਣ ਦਾ ਕੰਮ ਕੀਤਾ ਹੈ।

ਇਹ ਸਦਨ ਦ੍ਰਿੜ੍ਹਤਾ ਨਾਲ ਦੁਹਰਾਉਂਦਾ ਹੈ ਕਿ ਲੋਕਤੰਤਰ ਵਿੱਚ ਹਰੇਕ ਯੋਗ ਨਾਗਰਿਕ ਦੀ ਵੋਟ ਕੀਮਤੀ ਹੈ। ਕਿਸੇ ਵੀ ਨਾਗਰਿਕ ਨੂੰ ਗ਼ੈਰ-ਕਾਨੂੰਨੀ ਢੰਗ ਨਾਲ ਵੋਟ ਦੇ ਅਧਿਕਾਰ ਤੋਂ ਵਾਂਝਾ ਕਰਨਾ ਸੰਵਿਧਾਨਕ ਲੋਕਤੰਤਰ ਦੀਆਂ ਬੁਨਿਆਦੀ ਕਦਰਾਂ-ਕੀਮਤਾਂ ਦੇ ਵਿਰੁੱਧ ਹੈ। ਲੋਕਾਂ ਦੇ ਵੋਟ ਦੇ ਅਧਿਕਾਰ ਦੀ ਰਾਖੀ ਅਤੇ ਚੋਣ ਸੰਸਥਾਵਾਂ ਦੀ ਜਵਾਬਦੇਹੀ ਯਕੀਨੀ ਬਣਾਉਣਾ ਦੇਸ਼ ਦੇ ਲੋਕਤੰਤਰ ਦੀ ਰਾਖੀ ਲਈ ਲਾਜ਼ਮੀ ਹੈ।"

| | |
|---|---|
| ਪੰਜਾਬ ਵਿਧਾਨ ਸਭਾ | ਰਾਮ ਲੋਕ ਖਟਾਣਾ |
| ਚੰਡੀਗੜ੍ਹ -160001 | ਸਕੱਤਰ |
| ਮਿਤੀ:22 ਅਕਤੂਬਰ 2026 ਵੀਰਵਾਰ | ਪੰਜਾਬ ਵਿਧਾਨ ਸਭਾ |